**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸਤਿੰਦਰ ਕੁਮਾਰ ਖੈਰਾ ( 78373-82058)
ਮਕਾਨ ਨੰ: 524, ਸੈਕਟਰ 7, ਪੰਚਕੁਲਾ 134109 --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ -ਕਮ-
ਕਲੈਕਟਰ ਐਗਰੇਰੀਅਨ, ਮਾਨਸਾ --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:703/2019**

**ਹਾਜ਼ਰ:-** 1) ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਲਾਲ ਸਿੰਘ, ਸੀਨੀਅਰ ਸਹਾਇਕ ਦਫਤਰ ਮਾਨਸਾ(98159-45224), ਸ੍ਰੀ ਸੁਮਿਤ ਕੁਮਾਰ, ਕਲਰਕ ਦਫਤਰ ਸਰਦੂਲਗੜ੍ਹ (97803 09426) ਅਤੇ ਸ੍ਰੀ ਗੁਰਚਰਨ ਸਿੰਘ, ਕਾਨੂੰਗੋ, ਬੁਢਲਾਡਾ (94176-82065)

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-03-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ -ਕਮ-ਕਲੈਕਟਰ ਐਗਰੇਰੀਅਨ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਲੈਂਡ ਐਕਟ 1972 ਅਧੀਨ ਸਾਲ 1973 ਤੋਂ ਹੁਣ ਤੱਕ ਸਬ ਡਵੀਜਨ ਅਫਸਰ ( ਪਹਿਲਾਂ ਕੁਲੈਕਟਰ ਐਗਰੇਰੀਅਨ ) ਵਲੋਂ ਯੋਗ ਵਿਅਕਤੀਆਂ ਨੂੰ ਸਰਪਲਸ ਜਮੀਨ ਵੰਡਨ ਸਬੰਧੀ 8 ਨੁਕਤਿਆਂ ਤੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 08-08-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-09-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਲੋਕ ਸੂਚਨਾ ਅਫਸਰ -ਕਮ-ਤਹਿਸੀਲਦਾਰ, ਮਾਨਸਾ ਵਲੋਂ ਜ਼ੋ ਸੂਚਨਾ ਭੇਜੀ ਗਈ ਹੈ ਉਹ ਸਹੀ ਨਹੀਂ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਲਾਲ ਸਿੰਘ, ਸੀਨੀਅਰ ਸਹਾਇਕ ਦਫਤਰ ਮਾਨਸਾ, ਸ੍ਰੀ ਸੁਮਿਤ ਕੁਮਾਰ, ਕਲਰਕ ਦਫਤਰ ਸਰਦੂਲਗੜ੍ਹ ਅਤੇ ਸ੍ਰੀ ਗੁਰਚਰਨ ਸਿੰਘ, ਕਾਨੂੰਗੋ, ਬੁਢਲਾਡਾ ਵਲੋਂ ਆਪਣੇ ਪੱਤਰ ਨੰ: 36/ਆਰ.ਟੀ.ਆਈ./ ਮਿਤੀ 25-09-2019 ਸਹਿ ਪੱਤਰਾਂ ਸਹਿਤ (ਜ਼ੋ ਰਿਕਾਰਡ ਤੇ ਉਪਲਭਧ ਹੈ) ਪੇਸ਼ ਕਰਦੇ ਹੋਏ ਦਸਿਆ ਗਿਆ ਕਿ ਸ਼ਿਕਾਇਤਕਰਤਾ ਵਲੋ ਦਿੱਤੀ ਆਰ.ਟੀ.ਆਈ. ਦੀ ਦਰਖਾਸਤ ਮਿਤੀ 29-03-2019 ਦੇ ਸਬੰਧ ਵਿਚ ਸਿ਼ਕਾਇਤਕਰਤਾ ਨੂੰ ਸੂਚਨਾ ਦਿੱਤੀ ਗਈ ਹੈ, ਜਿਸ ਮੁਤਾਬਿਕ ਸਬਡਵੀਜਨ ਬੁਢਲਾਡਾ ਵਿੱਚ ਪੰਜਾਬ ਲੈਂਡ ਰੀਫੋਰਮਜ ਐਕਟ -1972 ਦੇ ਤਹਿਤ ਕੋਈ ਵੀ ਜਮੀਨ ਸਰਪਲਸ ਘੋਸ਼ਿਤ ਨਹੀਂ ਕੀਤੀ ਗਈ। ਇਸ ਲਈ ਜਦ ਕੋਈ ਜਮੀਨ ਸਰਪਲਸ ਘੋਸ਼ਿਤ ਹੀ ਨਹੀਂ ਕੀਤੀ ਗਈ ਤਾਂ ਯੋਗ ਵਿਅਕਤੀਆਂ ਨੂੰ ਸਰਪਲਸ ਏਰੀਆ ਸਕੀਮ 1973 ਅਧੀਨ ਦੇਣ ਯੋਗ ਜਮੀਨ ਨਹੀਂ ਸੀ। ਇਸ ਲਈ ਸੂਚਨਾ ਨਿੱਲ ਸਮਝੀ ਜਾਵੇ।

4. ਸਿ਼ਕਾਇਤਕਰਤਾ ਵਲੋਂ ਇਸ ਰਿਪੋਰਟ ਨਾਲ ਅਸਹਿਮਤੀ ਪ੍ਰਗਟ ਕਰਦੇ ਹੋਏ ਬੇਨਤੀ ਕੀਤੀ ਗਈ ਕਿ ਇਹ ਸੂਚਨਾ ਸਹੀ ਨਹੀਂ ਹੈ। ਇਸ ਸਬੰਧੀ ਉਸ ਵਲੋਂ ਬੇਨਤੀ ਕੀਤੀ ਗਈ ਕਿ ਜੇਕਰ ਇਹ ਸੂਚਨਾ ਸਹੀ ਹੈ ਤਾਂ ਉਤਰਦਾਤਾ ਦਫਤਰਾਂ ਵਲੋਂ ਇਸ ਸਬੰਧੀ ਹਲਫਿਆ ਬਿਆਨ ਪੇਸ਼ ਕੀਤਾ ਜਾਵੇ। ਕਮਿਸ਼ਨ ਵਲੋਂ ਸਿ਼ਕਾਇਤਕਰਤਾ ਦੀ ਬੇਨਤੀ ਨੂੰ ਪ੍ਰਵਾਨ ਕਰਦੇ ਹੋਏ ਲੋਕ ਸੂਚਨਾ ਅਫਸਰ, ਮਾਨਸਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਮਿਤੀ 17-10-2019 ਨੂੰ ਕਮਿਸ਼ਨ ਪਾਸ ਐਸ.ਡੀ.ਐਮ. ਮਾਨਸਾ, ਬੁਢਲਾਡਾ ਅਤੇ ਸਰਦੂਲਗੜ ਦਿੱਤੀ ਗਈ ਸੂਚਨਾ ਬਾਰੇ ਆਪਣਾ ਹਲਫਿਆ ਬਿਆਨ ਪੇਸ਼ ਕਰਨ ਕਿ ਉਨ੍ਹਾਂ ਵਲੋਂ ਸਿ਼ਕਾਇਤਕਰਤਾ ਨੂੰ ਦਿੱਤੀ ਗਈ ਸੂਚਨਾ ਰਿਕਾਰਡ ਮੁਤਾਬਿਕ ਸਹੀ ਹੈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 17-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 01-10-2019 ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸਤਿੰਦਰ ਕੁਮਾਰ ਖੈਰਾ ( 78373-82058)
ਮਕਾਨ ਨੰ: 524, ਸੈਕਟਰ 7, ਪੰਚਕੁਲਾ 134109 --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ -ਕਮ-
ਕਲੈਕਟਰ ਐਗਰੇਰੀਅਨ, ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:705/2019**

**ਹਾਜ਼ਰ:-** 1) ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਾਜਿੰਦਰ ਸਿੰਘ, ਕਲਰਕ ਦਫਤਰ ਡਿਪਟੀ ਕਮਿਸ਼ਨਰ -ਕਮ-ਕਲੈਕਟਰ ਐਗਰੇਰੀਅਨ, ਸੰਗਰੂਰ ।

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-03-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ -ਕਮ-ਕਲੈਕਟਰ ਐਗਰੇਰੀਅਨ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਲੈਂਡ ਐਕਟ 1972 ਅਧੀਨ ਸਾਲ 1973 ਤੋਂ ਹੁਣ ਤੱਕ ਸਬ ਡਵੀਜਨ ਅਫਸਰ ( ਪਹਿਲਾਂ ਕੁਲੈਕਟਰ ਐਗਰੇਰੀਅਨ ) ਵਲੋਂ ਯੋਗ ਵਿਅਕਤੀਆਂ ਨੂੰ ਸਰਪਲਸ ਜਮੀਨ ਵੰਡਨ ਸਬੰਧੀ 8 ਨੁਕਤਿਆਂ ਤੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 08-08-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-09-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਲੋਕ ਸੂਚਨਾ ਅਫਸਰ -ਕਮ-ਤਹਿਸੀਲਦਾਰ, ਸੰਗਰੂਰ ਵਲੋਂ ਅਜੇ ਤੱਕ ਕੋਈ ਸੂਚਨਾ ਨਹੀਂ ਦਿੱਤੀ ਗਈ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਰਾਜਿੰਦਰ ਸਿੰਘ, ਕਲਰਕ ਇਸ ਕੇਸ ਨਾਲ ਸਬੰਧਤ ਕੋਈ ਜਾਣਕਾਰੀ ਨਹੀਂ ਲੈ ਕੇ ਆਇਆ। ਪਰੰਤੂ ਉਸ ਵਲੋਂ ਕਿਹਾ ਗਿਆ ਕਿ ਸ਼ਿਕਾਇਤਕਰਤਾ ਉਨ੍ਹਾਂ ਦੇ ਦਫਤਰ ਆ ਜਾਣ ਉਨ੍ਹਾਂ ਨੂੰ ਰਿਕਾਰਡ ਵਿਖਾ ਦਿੱਤਾ ਜਾਵੇਗਾ। ਜਿਸ ਨਾਲ ਸ਼ਿਕਾਇਤਕਰਤਾ ਵਲੋਂ ਸਹਿਮਤੀ ਪ੍ਰਗਟਾਈ ਗਈ।

4. ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਜਦੋਂ ਉਨ੍ਹਾਂ ਦੇ ਦਫਤਰ ਆਵੇ ਤਾਂ ਉਸਨੂੰ ਰਿਕਾਰਡ ਵਿਖਾ ਦਿੱਤਾ ਜਾਵੇ ਅਤੇ ਮੰਗੀ ਗਈ ਸੂਚਨਾ ਸਿੱਧ ਤੌਰ ਤੇ ਸ਼ਿਕਾਇਤਕਰਤਾ ਨੂੰ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦੇ ਦਿੱਤੀ ਜਾਵੇ ਅਤੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਜਾਂਦੀ ਹੈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 01-10-2019 **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸਤਿੰਦਰ ਕੁਮਾਰ ਖੈਰਾ ( 78373-82058)
ਮਕਾਨ ਨੰ: 524, ਸੈਕਟਰ 7, ਪੰਚਕੁਲਾ 134109 --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ -ਕਮ-
ਕਲੈਕਟਰ ਐਗਰੇਰੀਅਨ, ਸੰਗਰੂਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:718 /2019**

**ਹਾਜ਼ਰ:-** 1) ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਾਜਿੰਦਰ ਸਿੰਘ, ਕਲਰਕ ਦਫਤਰ ਡਿਪਟੀ ਕਮਿਸ਼ਨਰ -ਕਮ-ਕਲੈਕਟਰ ਐਗਰੇਰੀਅਨ, ਸੰਗਰੂਰ ।

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 29-03-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ -ਕਮ-ਕਲੈਕਟਰ ਐਗਰੇਰੀਅਨ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਲੈਂਡ ਐਕਟ 1972 ਅਧੀਨ ਸਾਲ 1973 ਤੋਂ ਹੁਣ ਤੱਕ ਸਬ ਡਵੀਜਨ ਅਫਸਰ ( ਪਹਿਲਾਂ ਕੁਲੈਕਟਰ ਐਗਰੇਰੀਅਨ ) ਵਲੋਂ ਯੋਗ ਵਿਅਕਤੀਆਂ ਨੂੰ ਸਰਪਲਸ ਜਮੀਨ ਵੰਡਨ ਸਬੰਧੀ 8 ਨੁਕਤਿਆਂ ਤੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 08-08-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 04-09-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਰਾਜਿੰਦਰ ਸਿੰਘ, ਕਲਰਕ ਨੇ ਪੱਤਰ ਨੰ: 307/ਨਜ਼ੂਲ ਮਿਤੀ 24-05-2018 ਜ਼ੋ ਕਿ ਲੋਕ ਸੂਚਨਾ ਅਧਿਕਾਰੀ ਕਮ ਜ਼ਿਲ੍ਹਾ ਮਾਲ ਅਫਸਰ, ਸੰਗਰੂਰ ਨੂੰ ਸੰਬੋਧਤ ਹੈ, ਦਾ ਇਕ ਉਤਾਰਾ ਸ਼ਿਕਾਇਤਕਰਤਾ ਨੂੰ ਵੀ ਭੇਜਿਆ ਗਿਆ ਸੀ ਪੇਸ਼ ਕੀਤਾ ਗਿਆ। ਉਤਰਦਾਤਾ ਵਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉਤਰਦਾਤਾ ਵਲੋਂ ਸਪਸ਼ਟ ਕੀਤਾ ਗਿਆ ਕਿ ਮੰਗੀ ਗਈ ਸੂਚਨਾ ਉਪਲੱਬਧ ਨਹੀਂ ਹੈ। ਇਸ ਤੋਂ ਇਲਾਵਾ ਪ੍ਰਾਰਥੀ ਕਿਸੇ ਵੀ ਕੰਮ ਵਾਲੇ ਦਿਨ ਆ ਕਿ ਜ਼ੋ ਵੀ ਫਾਇਲ ਦੇਖਣਾ ਚਾਹੁੰਦਾ ਹੈ ਵੇਖ ਸਕਦਾ ਹੈ। ਸ਼ਿਕਾਇਤਕਰਤਾ ਵਲੋਂ ਉਤਰਦਾਤਾ ਦੀ ਇਸ ਦਲੀਲ ਨਾਲ ਸਹਿਮਤੀ ਪ੍ਰਗਟਾਈ ਗਈ।

4. ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਸ਼ਿਕਾਇਤਕਰਤਾ ਜਦੋਂ ਉਨ੍ਹਾਂ ਦੇ ਦਫਤਰ ਆਵੇ ਤਾਂ ਉਸਨੂੰ ਰਿਕਾਰਡ ਵਿਖਾ ਦਿੱਤਾ ਜਾਵੇ ਅਤੇ ਮੰਗੀ ਗਈ ਸੂਚਨਾ ਸਿੱਧੇ ਤੌਰ ਤੇ ਸ਼ਿਕਾਇਤਕਰਤਾ ਨੂੰ ਅਗਲੀ ਮਿਤੀ ਤੋਂ ਪਹਿਲਾਂ ਪਹਿਲਾਂ ਦਿੰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਜਾਂਦੀ ਹੈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 17-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 01-10-2019 **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਜਨਮੇਜ ਸਿੰਘ (98156-19820)
ਪਿੰਡ ਤੇ ਡਾਕਖਾਨਾ ਬਖੋਰਾਂ ਕਲਾਂ, ਤਹਿਸੀਲ ਲਹਿਰਾ,
ਜ਼ਿਲ੍ਹਾ ਸੰਗਰੂਰ। --------- ਸ਼ਿਕਾਇਤਕਰਤਾ

<u>ਬਨਾਮ</u>

ਲੋਕ ਸੂਚਨਾ ਅਧਿਕਾਰੀ,
ਐਸ.ਐਚ.ਓ. ਲਹਿਰਾ, ਜ਼ਿਲ੍ਹਾ ਸੰਗਰੂਰ। ----------ਉਤਰਦਾਤਾ

**ਸ਼ਿਕਾਇਤ ਕੇਸ ਨੰ: 724/2019**

**ਹਾਜ਼ਰ:-** 1) ਸ਼ਿਕਾਇਤਕਰਤਾ।
2) ਉੱਤਰਦਾਤਾ ਵਲੋਂ ਕੋਈ ਨਹੀਂ।

**ਹੁੱਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 11-03-2019 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਐਸ.ਐਚ.ਓ. ਲਹਿਰਾ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਣਯੋਗ ਕੋਰਟ ਮੂਨਕ ਦੇ ਹੁਕੱਮ ਮਿਤੀ 24-05-2018 ਦੀ ਪਾਲਣਾ ਸਬੰਧੀ ਮਿਤੀ 08-06-2018 ਨੂੰ ਦਿੱਤੇ ਪੱਤਰ ਤੇ ਕੀਤੀ ਗਈ ਕਾਰਵਾਈ ਸਮੇਤ ਦਰਖਾਸਤ ਦੀਆਂ ਤਸਦੀਕ ਸ਼ੁਦਾ ਕਾਪੀਆਂ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 05-08-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜੋ ਕਿ ਮਿਤੀ 09-08-2019 ਨੂੰ ਪ੍ਰਾਪਤ ਹੋਈ, ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-09-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਅੱਜ ਹਾਜ਼ਰ ਨਾ ਹੋਣ ਬਾਰੇ ਅਤੇ ਸ਼ਿਕਾਇਤਕਰਤਾ ਨੂੰ ਅਜੇ ਤੱਕ ਸੂਚਨਾ ਮੁਹੱਈਆ ਨਾ ਕਰਾਉਣ ਸਬੰਧੀ ਆਪਣਾ ਸ੍ਪੱਸ਼ਟੀਕਰਨ ਲਿਖਤੀ ਰੂਪ ਵਿਚ ਕਮਿਸ਼ਨ ਨੂੰ ਪੇਸ਼ ਕਰੇ। ਇਸ ਤੋਂ ਇਲਾਵਾ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਮੁਹੱਈਆ ਕਰਵਾ ਕੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 23-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹ

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01-10-2019** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਬਾਬਾ ਬੱਚੀ ਗੀਰੀ ( 92530-56853)
ਡੇਰਾ ਬਾਬਾ ਬਚੀ ਗੀਰੀ, ਪਿੰਡ ਨਿੱਗਧੂ,
ਜ਼ਿਲ੍ਹਾ ਕਰਨਾਲ। --------- ਸ਼ਿਕਾਇਤਕਰਤਾ

**ਬਨਾਮ**

ਲੋਕ ਸੂਚਨਾ ਅਧਿਕਾਰੀ,
ਡਿਪਟੀ ਕਮਿਸ਼ਨਰ, ਸੰਗਰੂਰ। ----------ਉਤਰਦਾਤਾ

**ਅਪੀਲ ਕੇਸ ਨੰ: 2992/2019**

**ਹਾਜ਼ਰ:-** 1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਹਰਬੰਸ ਸਿੰਘ, ਕਲਰਕ (89688-47998) ਅਤੇ ਸ੍ਰੀ ਸੰਜੀਵ ਕੁਮਾਰ, ਕਲਰਕ (98145-30482)।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 11-01-2019 ਨੂੰ ਉਤਰਦਾਤਾ( ਲੋਕ ਸੂਚਨਾ ਅਧਿਕਾਰੀ), ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਦਿੱਤਾ ਗਿਆ ਜਿਸ ਰਾਹੀਂ ਉਸਨੇ ਵਾਕਾ ਰਕਬਾ ਉਚਾਣਾ ਕਲਾਂ ਵਿਚ ਡਿਪਟੀ ਕਮਿਸ਼ਨਰ, ਸੰਗਰੂਰ ਦੁਆਰਾ ਇਕ ਫੈਸਲਾ ਕੀਤਾ ਗਿਆ ਸੀ, ਜਿਸਦਾ ਇੰਤਕਾਲ ਨੰ: 1646 ਮਿਤੀ 12-08-1964 ਨੂੰ ਫੈਸਲਾ ਕੀਤਾ ਗਿਆ ਸੀ ਜਿਸਦਾ ਫਾਇਲ ਨੰ: 2634 ਏ.ਸੀ. ਤੇ ਜਮ੍ਹਾਂ ਹੋਈ ਸੀ ਇਸਦੀ ਤਸਦੀਕ ਸ਼ੁਦਾ ਕਾਪੀ ਦਿੱਤੀ ਜਾਵੇ। ਇਹ ਰਿਕਾਰਡ ਕਿਸ ਸ਼ਾਖਾ ਵਿਚ ਜਮ੍ਹਾਂ ਕਰਵਾਇਆ ਹੈ ਅਤੇ ਉਪਰੋਕਤ ਫਾਇਲ ਨੰ: 2634 ਤੇ ਜੋ ਵੀ ਕਾਰਵਾਈ ਹੋਈ ਸੀ ਜੋ ਬਿਆਨ ਆਦਿ ਦਰਜ਼ ਕੀਤੇ ਗਏ ਦੋਨਾਂ ਤਰਫ਼ ਦੀ ਗਵਾਹੀ ਆਦਿ ਦੀਆਂ ਤਸਦੀਕ ਸ਼ੁਦਾ ਕਾਪੀਆਂ ਦੀ ਮੰਗ ਕੀਤੀ ਹੈ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 14-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ , ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-09-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸਹੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸਹੀ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਹਰਬੰਸ ਸਿੰਘ, ਕਲਰਕ ਅਤੇ ਸ੍ਰੀ ਸੰਜੀਵ ਕੁਮਾਰ, ਕਲਰਕ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਉਨ੍ਹਾਂ ਦੇ ਦਫਤਰ ਜ਼ਿਲ੍ਹਾ ਮਾਲ ਅਫਸਰ, ਸੰਗਰੂਰ ਵਲੋਂ ਆਪਣੇ ਪੱਤਰ ਨੰ: 149/ਆਰ.ਟੀ.ਆਈ. ਮਿਤੀ 1-2-2019 ਰਾਹੀਂ, ਡਿਪਟੀ ਕਮਿਸ਼ਨਰ, ਸੰਗਰੂਰ ਸਦਰ ਕਾਨੂੰਗੋ ਸ਼ਾਖਾ ਤੋਂ ਪ੍ਰਾਪਤ ਸੂਚਨਾ ਪੱਤਰ ਨੰ: 357/ਅਨਸਕ/ ਮਿਤੀ 01/02/2019 ਪਹਿਲਾਂ ਹੀ ਮਿਥੇ ਸਮੇਂ ਦੇ ਅੰਦਰ ਅੰਦਰ ਸਿੱਧੇ ਤੌਰ ਤੇ ਉਤਰਦਾਤਾ ਨੂੰ ਭੇਜੀ ਜਾ ਚੁੱਕੀ ਹੈ, ਜਿਸ ਅਨੁਸਾਰ ਪ੍ਰਾਰਥੀ ਵੱਲੋਂ ਮੰਗੀ ਸੂਚਨਾ ਉਨ੍ਹਾਂ ਦੇ ਰਿਕਾਰਡ ਵਿਚ ਉਪਲਬਧ ਨਹੀ਼ ਹੈ। ਹਾਜ਼ਰ ਉੱਤਰਦਾਤਾ ਵੱਲੋਂ ਦਸੇ ਗਏ ਪੱਤਰ ਮਿਸਲ ਤੇ ਉਪਲਬਧ ਹਨ।

4. ਦੋਨਾਂ ਧਿਰਾਂ ਵਲੋਂ ਦਿੱਤੀਆਂ ਗਈਆਂ ਦਲੀਲਾਂ ਅਤੇ ਪੇਸ਼ ਕੀਤੇ/ਉਪਲਬਧ ਰਿਕਾਰਡ ਨੂੰ ਘੋਖਣ ਉਪਰੰਤ ਪਾਇਆ ਗਿਆ ਕਿ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਜ਼ੋ ਉਤਰ ਦਿੱਤਾ ਗਿਆ ਹੈ, ਉਹ ਠੀਕ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 01-10-2019** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰਮੇਸ਼ ਕੁਮਾਰ ( 95916-14954 )
237/277, ਗਲੀ ਨੰ: 2, ਵਾਰਡ ਨ: 90
ਨਵੀਂ ਕੁੰਡਲੀ ਪੁਰੀ, ਲਧਿਆਣਾ। --------- ਅਪੀਲਕਰਤਾ

**ਬਨਾਮ**

ਲੋਕ ਸੂਚਨਾ ਅਧਿਕਾਰੀ,
ਚੀਫ ਡਾਇਰੈਕਟਰ, ਵਿਜੀਲੈਂਸ ਬਿਊਰੋ
ਪੰਜਾਬ, ਮੋਹਾਲੀ।

ਪਹਿਲੀ ਅਪੀਲ ਅਥਾਰਟੀ ਕਮ ਡਾਇਰੈਕਟਰ ਵਿਜੀਲੈਂਸ ਬਿਊਰੋ
ਪੰਜਾਬ, ਮੋਹਾਲੀ। ----------ਉਤਰਦਾਤਾ

**ਅਪੀਲ ਕੇਸ ਨੰ: 3000/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਰਾਜੇਸ਼ ਕੁਮਾਰ, ਸਬ ਇੰਨਸਪੈਕਟਰ, ਦਫਤਰ ਵਿਜੀਲੈਂਸ ਬਿਊਰੋ, ਪੰਜਾਬ, ਚੰਡੀਗੜ੍ਹ।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 04-05-2019 ਉਤਰਦਾਤਾ (ਲੋਕ ਸੂਚਨਾ ਅਧਿਕਾਰੀ), ਦਫਤਰ ਚੀਫ ਡਾਇਰੈਕਟਰ, ਵਿਜੀਲੈਂਸ ਬਿਊਰੋ, ਪੰਜਾਬ, ਮੋਹਾਲੀ ਨੂੰ ਦਿੱਤਾ ਗਿਆ ਜਿਸ ਰਾਹੀਂ ਉਸਨੇ ਦਰਖਾਸਤ ਨੰ: 225/17 ਵਿਚ ਜੋ ਰਿਕਾਰਡ ਦੂਜੀ ਧਿਰ ਵਲੋਂ ਪੇਸ਼ ਕੀਤਾ ਗਿਆ ਹੈ ਉਨ੍ਹਾਂ ਦੀਆਂ ਕਾਪੀਆਂ ਸਮੇਤ ਇੰਨਕੁਆਰੀ ਰਿਪੋਰਟ ਦੀ ਕਾਪੀ ਦੀ ਮੰਗ ਕੀਤੀ ਹੈ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ 19-08-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ , ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-09-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 01-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ੍ਰੀ ਰਾਜੇਸ਼ ਕੁਮਾਰ, ਸਬ ਇੰਨਸਪੈਕਟਰ, ਦਫਤਰ ਵਿਜੀਲੈਂਸ ਬਿਊਰੋ, ਪੰਜਾਬ, ਚੰਡੀਗੜ੍ਹ ਵਲੋਂ ਦਸਿਆ ਗਿਆ ਕਿ ਅਪੀਲਕਰਤਾ ਨੂੰ ਉਨ੍ਹਾਂ ਦੇ ਦਫਤਰ ਵਲੋਂ ਪੱਤਰ ਨੰ:44723/ਵਬ/ਐਸ-14, ਮਿਤੀ 26-09-2019 ਜ਼ੋ ਕਮਿਸ਼ਨ ਨੂੰ ਸੰਬੋਧਤ ਹੈ ਅਤੇ ਇਸ ਦਾ ਇਕ ਉਤਾਰਾ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਿਆ ਹੋਇਆ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਵਿਚ ਸਪਸ਼ਟ ਕੀਤਾ ਗਿਆ ਹੈ ਕਿ ਬਿਨੈਕਾਰ ਵਲੋਂ ਮੰਗੀ ਗਈ ਸੂਚਨਾ ਸਬੰਧੀ ਸ਼ਿਕਾਇਤ ਨੰ: 225/17 ਲੁਧਿਆਣਾ ਦੇ ਆਧਾਰ ਤੇ ਵਿਜੀਲੈਂਸ ਇੰਨਕੁਆਰੀ ਨੰਬਰ 3/19 ਲੁਧਿਆਣਾ ਦਰਜ ਹੋ ਚੁੱਕੀ ਹੈ, ਜ਼ੋ ਸੀਨੀਅਰ ਕਪਤਾਨ ਪੁਲਿਸ, ਵਿਜੀਲੈਂਸ ਬਿਊਰੋ, ਲੁਧਿਆਣਾ ਪਾਸ ਪੜਤਾਲ ਅਧੀਨ ਹੈ।

4. ਦੋਨਾਂ ਧਿਰਾਂ ਵਲੋਂ ਦਿੱਤੀਆਂ ਗਈਆਂ ਦਲੀਲਾਂ ਅਤੇ ਪੇਸ਼ ਕੀਤੇ/ਉਪਲਬਧ ਰਿਕਾਰਡ ਨੂੰ ਘੋਖਣ ਉਪਰੰਤ ਪਾਇਆ ਗਿਆ ਕਿ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਜ਼ੋ ਉਤਰ ਦਿੱਤਾ ਗਿਆ ਹੈ ਉਹ ਠੀਕ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 01-10-2019 ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਸ਼ਵਨੀ ਕੁਮਾਰ,
ਪੁੱਤਰ ਸ਼੍ਰੀ ਕਸ਼ਮੀਰੀ ਲਾਲ, ਫੇਸ 1,
ਸਿਵਲ ਲਾਈਨਜ, ਫਾਜ਼ਿਲਕਾ 152123. -------ਅਪੀਲਕਰਤਾ

**ਬਨਾਮ**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਮੁੱਖ ਸੱਕਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਮੁੱਖ ਸੱਕਤਰ, ਪੰਜਾਬ ਸਰਕਾਰ,
ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:2278 / 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਵਿੰਦਰ ਸਿੰਘ, ਐਸ.ਆਈ.(85600-54302) ਦਫਤਰ ਏ.ਆਈ.ਜੀ.ਪੀ. (ਕਰਾਈਮ), ਬੀ.ਓ.ਆਈ., ਪੰਜਾਬ।

**ਹੁੱਕਮ: -**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-01-2019,ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸੱਕਤਰ, ਪੰਜਾਬ ਸਰਕਾਰ, ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਾਣਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ ਰਿੱਟ ਪਟੀਸ਼ਨ ਨੰ:310 ਆਫ 1996-ਪ੍ਰਕਾਸ਼ ਸਿੰਘ ਅਤੇ ਹੋਰ ਬਨਾਮ ਯੂਨੀਅਨ ਆਫ ਇੰਡੀਆ ਅਤੇ ਹੋਰ, ਆਦਿ ਵਿੱਚ ਮਿਤੀ 22-09-2006 ਨੂੰ ਪਾਸ ਕੀਤੇ ਗਏ ਹੁਕਮਾਂ ਦੇ ਸਨਮੁੱਖ ਇੰਨਵੈਸਟੀਗੇਸ਼ਨ ਵਿੰਗ ਅਤੇ ਐਸਟੈਬਲਿਸ਼ਮੈਂਟ ਆਫ ਪੁਲਿਸ ਕੰਪਲੇਂਟਸ ਅਥਾਰਟੀਜ਼ ਨੂੰ ਜ਼ਿਲ੍ਹਾ ਅਤੇ ਰਾਜ ਪੱਧਰ ਤੇ ਵੱਖ-ਵੱਖ ਕਰਨ ਬਾਰੇ ਜਾਰੀ ਕੀਤੀਆਂ ਗਈਆਂ ਹਦਾਇਤਾਂ ਨਾਲ ਸਬੰਧਤ 11 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ(ਗ੍ਰਹਿ-4 ਸ਼ਾਖਾ) ਵੱਲੋਂ ਆਪਣੇ ਪੱਤਰ ਨੰ:6/16/2019-6ਗ4/4630, ਮਿਤੀ 02-09-2019 ਰਾਹੀਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਡਾਇਰੈਕਟਰ, ਬਿਊਰੋ ਆਫ ਇੰਨਵੈਸਟੀਗੇਸ਼ਨ, ਪੰਜਾਬ, ਚੰਡੀਗੜ੍ਹ, ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ।ਉਸ ਉਪਰੰਤ ਉਸ ਨੇ ਮਿਤੀ 27-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਖਵਿੰਦਰ ਸਿੰਘ, ਐਸ.ਆਈ., ਦਫਤਰ ਏ.ਆਈ.ਜੀ.ਪੀ. (ਕਰਾਈਮ), ਬੀ.ਓ.ਆਈ., ਪੰਜਾਬ, ਨੇ ਪੱਤਰ ਨੰ:2818, ਮਿਤੀ 09-09-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਭੇਜਿਆ ਹੋਇਆ ਸੀ, ਪੇਸ਼ ਕਰਦੇ ਹੋਏ ਕਿਹਾ ਸੀ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ।

3. ਪਿਛਲੀ ਪੇਸ਼ੀ ਮਿਤੀ 09-09-2019 ਤੇ ਅਪੀਲਕਰਤਾ ਹਾਜਰ ਨਹੀ ਸੀ ਹੋਇਆ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਦਿੱਤੀ ਗਈ ਸੀ ਪਰੰਤੂ ਫਿਰ ਵੀ ਨਿਆਂ ਦੀ ਪੂਰਤੀ ਲਈ ਉਸਨੂੰ ਇਕ ਹੋਰ ਮੌਕਾ ਦਿੰਦੇ ਹੋਏ ਲਿਖਿਆ ਗਿਆ ਸੀ ਕਿ ਜੇਕਰ ਉਸਨੂੰ ਪ੍ਰਾਪਤ ਸੂਚਨਾ ਵਿਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵ ਤਾਂ ਜੋਂ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਮੰਤਵ ਲਈ ਮਿਤੀ 01-10-2019 ਨਿਸਚਿਤ ਕੀਤੀ ਗਈ ਸੀ । ਅਪੀਲਕਰਤਾ ਅੱਜ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

4. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਖਵਿੰਦਰ ਸਿੰਘ, ਐਸ.ਆਈ. ਦਫਤਰ ਏ.ਆਈ.ਜੀ.ਪੀ. (ਕਰਾਈਮ), ਬੀ.ਓ.ਆਈ., ਪੰਜਾਬ ਵਲੋਂ ਲਿਖਤੀ ਰੂਪ ਵਿਚ ਬਿਆਨ ਪੇਸ਼ ਕਰਦੇ ਹੋਏ ਦਸਿਆ ਕਿ ਅਪੀਲਕਰਤਾ ਨੇ ਮੁੱਹਈਆ ਕਰਵਾਈ ਗਈ ਸੂਚਨਾ ਬਾਰੇ ਕਮਿਸ਼ਨ ਦੇ ਹੁੱਕਮ ਮਿਤੀ 09-09-2019 ਅਨੁਸਾਰ ਸੂਚਨਾ ਵਿਚ

ਪਰਤੋ ਜੀ----ਪੰਨਾ/2



**ਅਪੀਲ ਕੇਸ ਨੰ:2278 / 2019**

ਪਾਈ ਗਈ ਕਿਸੇ ਵੀ ਤਰੁੱਟੀ/ਇਤਰਾਜ਼ ਬਾਰੇ ਅੱਜ ਤੱਕ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਇਸ ਲਈ ਉਸ ਵੱਲੋਂ ਇਸ ਕੇਸ ਨੂੰ ਦਾਖਲ ਦਫਤਰ ਕਰਨ ਲਈ ਬੇਨਤੀ ਕੀਤੀ ਗਈ ਹੈ। ਹਾਜ਼ਰ ਉਤਰਦਾਤਾ ਵਲੋਂ ਪੇਸ਼ ਕੀਤਾ ਗਿਆ ਲਿਖਤੀ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਮੁੱਹਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਅੱਜ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਤੋਂ ਇਲਾਵਾ ਉਸ ਵਲੋਂ ਸੂਚਨਾ ਵਿਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਅੱਜ ਤੱਕ ਕਮਿਸ਼ਨ ਜਾਂ ਉਤਰਦਾਤਾ ਨੂੰ ਸੂਚਿਤ ਨਹੀਂ ਕੀਤਾ ਗਿਆ ਹੈ। ਇਸਤੋਂ ਜ਼ਾਹਰ ਹੁੰਦਾ ਹੈ ਕਿ ਅਪੀਲਕਰਤਾ ਉਸਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿਚ ਕੋਈ ਦਿਲਚਸਪੀ ਨਹੀਂ ਰਖਦਾ। ਇਸ ਲਈ ਇਸ ਕੇਸ ਵਿਚ ਹੁਣ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵਲੋਂ ਕਮਿਸ਼ਨ ਵਿਚ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ,** 01-10-2019 **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ, ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਪੁਲਿਸ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫਤਰ ਪੁਲਿਸ ਕਮਿਸ਼ਨਰ, ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:2189/2019**

**ਹਾਜ਼ਰ:-**

1) ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ . (78887-41866) ਦਫ਼ਤਰ ਸੀ.ਪੀ.ਓ. ਲੁਧਿਆਣਾ ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-04-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਪੁਲਿਸ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੱਤਰ ਨੰ:3005, ਮਿਤੀ 12-02-2018 ਰਾਹੀਂ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੇ ਗਏ ਜਵਾਬ ਦੇ ਹਵਾਲੇ ਨਾਲ ਜ਼ੋ ਪੜਤਾਲ ਮੁਕੰਮਲ ਨਹੀਂ ਸੀ ਹੋਈ, ਦੀ ਮੁਕੰਮਲ ਪੜਤਾਲ ਰਿਪੋਰਟ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 04-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 19-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਮਿਤੀ 09-09-2019 ਨੂੰ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਭੇਜੇ ਗਏ ਪੱਤਰ ਮਿਤੀ 08-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਉਤਰਦਾਤਾ ਵਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਪੱਤਰ ਨੰ: ਏ.ਸੀ.ਨੰਬਰ-2189-ਆਰ.ਟੀ.ਆਈ., ਮਿਤੀ 07-09-2019 ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਸੂਚਿਤ ਕੀਤਾ ਗਿਆ ਕਿ ਮੰਗੀ ਗਈ ਸੂਚਨਾ ਦੀ ਤਸਦੀਕਸ਼ੁਦਾ ਕਾਪੀ ਪੱਤਰ ਮਿਤੀ 10-05-2019 ਰਾਹੀਂ ਅਪੀਲਕਰਤਾ ਨੂੰ ਸਾਧਾਰਨ ਡਾਕ ਰਾਹੀਂ ਭੇਜ਼ ਦਿੱਤੀ ਗਈ ਸੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨ ਦੇਵ ਸਿੰਘ, ਐਸ.ਆਈ. ਨੇ ਪੱਤਰ ਨੰ: ਏ.ਸੀ.ਨੰਬਰ-2189-ਆਰ.ਟੀ.ਆਈ., ਮਿਤੀ 28-09-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵਲੋਂ ਹੁਣ ਤੱਕ ਪ੍ਰਾਪਤ ਕੀਤੀ ਸੂਚਨਾ ਵਿੱਚ ਤਰੁੱਟੀਆਂ ਪਾਏ ਜਾਣ ਬਾਰੇ ਕੋਈ ਲਿਖਤੀ ਪੱਤਰ ਮੋਸੂਲ ਨਹੀਂ ਹੋਇਆ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਹੋਇਆ ਪਰ ਉਸ ਵਲੋਂ ਉਸਨੂੰ ਪ੍ਰਾਪਤ ਹੋਈ ਸੂਚਨਾ ਦੇ ਸਬੰਧ ਵਿਚ ਕੋਈ ਤਰੁੱਟੀ ਬਾਰੇ ਨਹੀਂ ਦਸਿਆ ਗਿਆ।

5. ਪਿਛਲੀ ਮਿਤੀ 09-09-2019 ਉਪਰੋਕਤ ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਸੂਚਨਾ ਪ੍ਰਾਪਤ ਹੋਣ ਤੇ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਮੰਤਵ ਲਈ ਅੱਜ ਮਿਤੀ 01-10-2019 ਨਿਸਚਿਤ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਪੇਸ਼ੀ ਸਮੇਂ ਪੇਸ਼ ਕੀਤੇ ਪੱਤਰ ਮਿਤੀ 28-09-2019 ਅਨੁਸਾਰ ਉਨ੍ਹਾਂ ਨੂੰ ਤਰੁੱਟੀਆਂ ਪਾਏ ਜਾਣ ਬਾਰੇ ਕੋਈ ਲਿਖਤੀ ਪੱਤਰ ਮੋਸੂਲ ਨਹੀਂ ਹੋਇਆ ਅਤੇ ਨਾਂ ਹੀ ਹਾਜ਼ਰ ਅਪੀਲਕਰਤਾ ਵਲੋਂ ਉਸਨੂੰ ਦਿੱਤੀ ਗਈ ਸੂਚਨਾ ਸਬੰਧੀ ਪਾਈ ਗਈ ਕਿਸੇ ਤਰੁੱਟੀ ਬਾਰੇ ਦਸਿਆ ਗਿਆ ਹੈ। । ਇਸ ਲਈ ਇਸ ਕੇਸ ਵਿਚ ਹੁਣ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵਲੋਂ ਕਮਿਸ਼ਨ ਵਿਚ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 01-10-2019 ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਸ੍ਰੀ ਗੁਰਿੰਦਰ ਪਾਲ ਸਿੰਘ, (98140-00111)
ਪੁੱਤਰ ਸ੍ਰੀ ਜਸਵੰਤ ਸਿੰਘ,
ਵਾਲਮੀਕ ਚੌਕ, ਜੰਡਿਆਲਾ ਗੁਰ,ਅੰਮ੍ਰਿਤਸਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),
ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),ਅੰਮ੍ਰਿਤਸਰ। ------ਉੱਤਰਦਾਤਾ

**ਅਪੀਲ ਕੇਸ ਨੰ:2116 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਬਲਜਿੰਦਰ ਸਿੰਘ, ਹੈਡ ਕੰਸਟੇਬਲ, (97819-99648) ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),ਅੰਮ੍ਰਿਤਸਰ।।

**ਹੁੱਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-03-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ), ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੀ.ਓ. ਮੁਜਰਿਮ, ਬੂਟਾ ਸਿੰਘ ਮੱਲੀ ਬਰਖਿਲਾਫ ਮਿਤੀ 08-02-2019 ਨੂੰ 181 ਤੇ ਕੀਤੀ ਗਈ ਸ਼ਿਕਾਇਤ ਨੰ:AMR-RR-3128992 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ।ਉਸ ਉਪਰੰਤ ਉਸ ਨੇ ਮਿਤੀ 13-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 16-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਿਛਲੀ ਪੇਸ਼ੀ ਦੀ ਮਿਤੀ 09-09-2019 ਨੂੰ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵਲੋਂ ਆਪਣੇ ਪੱਤਰ ਜੋ ਮਿਤੀ 26-09-2019 ਜੋ ਪੰਜਾਬ ਸਟੇਟ ਇੰਨਫਰਮੇਸ਼ਨ ਕਮਿਸ਼ਨ, ਨੂੰ ਸੰਬੋਧਤ ਹੈ ਅਤੇ ਮਿਤੀ 26-09-2019 ਨੂੰ ਕਮਿਸ਼ਨ ਦੇ ਦਫਤਰ ਪ੍ਰਾਪਤ ਹੋਇਆ ਰਾਹੀਂ ਸੂਚਿਤ ਕੀਤਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਦੀ ਸੁਣਵਾਈ ਵੀਡੀਓ ਕਾਨਫਰੰਸ ਰਾਹੀਂ ਕਰਨ ਲਈ ਬੇਨਤੀ ਕੀਤੀ ਗਈ ਹੈ।ਇਹ ਪੱਤਰ ਜੋ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਸ੍ਰੀ ਬਲਜਿੰਦਰ ਸਿੰਘ, ਹੈਡ ਕੰਸਟੇਬਲ, ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ), ਅੰਮ੍ਰਿਤਸਰ ਨੇ ਪੱਤਰ ਨੰ: 50465-ਆਰ.ਟੀ.ਆਈ., ਮਿਤੀ 30-09-2019 ਜ਼ੋ ਅਪੀਲਕਰਤਾ ਨੂੰ ਸੰਬੋਧਤ ਹੈ ਪੇਸ਼ ਕਰਦੇ ਹੋਏ ਦਸਿਆ ਗਿਆ ਕਿ ਅਪੀਲਕਰਤਾ ਨੇ ਜ਼ੋ ਅਪੀਲ ਪਾਈ ਸੀ ਸਬੰਧੀ ਉਸਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਪੱਤਰ ਨਾਲ ਉਨ੍ਹਾਂ ਵਲੋਂ ਅਪੀਲਕਰਤਾ ਦੁਆਰਾ ਦਿੱਤੇ ਗਏ ਬਿਆਨਾਂ ਦੀ ਕਾਪੀ (ਜੋ ਥਾਣਾ ਜੰਡਿਆਲਾ ਵਲੋਂ ਮਿਤੀ 27-09-2019 ਨੂੰ ਤਸਦੀਕ ਕੀਤੀ ਗਈ ) ਵੀ ਲਾਈ ਗਈ ਹੈ ਜਿਸ ਰਾਹੀਂ ਅਪੀਲਕਰਤਾ ਵਲੋਂ ਪ੍ਰਾਪਤ ਹੋਈ ਸੂਚਨਾ ਤੇ ਸੰਤੁਸ਼ਟੀ ਪਾਈ ਗਈ ਅਤੇ ਅਪੀਲ ਦਾਖਲ ਦਫਤਰ ਕਰਨ ਦੀ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਸਹਿਤ ਬਿਆਨ ਦੀ ਕਾਪੀ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਵਲੋਂ ਦਿੱਤਾ ਗਿਆ ਬਿਆਨ ਜ਼ੋ ਕਿ ਉਤਰਦਾਤਾ ਵਲੋਂ ਆਪਣੇ ਉਕਤ ਪੱਤਰ ਸਹਿਤ ਪੇਸ਼ ਕੀਤਾ ਗਿਆ ਹੈ ਤੋਂ ਸਪਸ਼ਟ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਸਬੰਧੀ ਅਪੀਲਕਰਤਾ ਵਲੋਂ ਦਿੱਤੇ ਗਏ ਬਿਆਨ ਅਤੇ ਕੀਤੀ ਬੇਨਤੀ ਕਿ ਅਪੀਲ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇ। ਇਸ ਤਰ੍ਹਾਂ ਅਪੀਲਕਰਤਾ ਵਲੋਂ ਦਿੱਤੇ ਬਿਆਨਾਂ ਮੁਤਾਬਿਕ ਪ੍ਰਾਪਤ ਸੂਚਨਾ ਤੇ ਸੰਤੁਸ਼ਟੀ ਪ੍ਰਗਟਾਈ ਗਈ ਹੈ। ਇਸ ਕਰਕੇ ਹੁਣ ਇਸ ਕੇਸ ਤੇ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵਲੋਂ ਕਮਿਸ਼ਨ ਵਿਚ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**ਮਿਤੀ: ਚੰਡੀਗੜ੍ਹ,** 01-10-2019 **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਸ਼੍ਰੀਮਤੀ ਸੁਰਜੀਤ ਸੋਢੀ, ਐਮ.ਸੀ., (98720-70863)
ਵਾਰਡ ਨੰ:22 ਮਕਾਨ ਨੰ: 1634,
ਸੈਕਟਰ-70, ਮੁਹਾਲੀ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਨਗਰ ਨਿਗਮ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਨਗਰ ਨਿਗਮ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ: 1827/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਉਸ ਦੇ ਪਤੀ, ਸ਼੍ਰੀ ਐਨ.ਕੇ.ਐਸ.ਸੋਢੀ (98720-70863)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਨਹੀਂ।

**ਹਕਮ:**

ਪਿਛਲੀ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਰਾਜੀਵ ਕੁਮਾਰ, ਸਕੱਤਰ, ਕਾਰਪੋਰੇਸ਼ਨ ਨੇ ਅਪੀਲਕਰਤਾ ਨੂੰ ਪੱਤਰ ਨੰ:67/ਸੈਕਟਰੀ, ਮਿਤੀ 16-08-2019 ਰਾਹੀਂ ਦਿੱਤੀ ਗਈ ਸੂਚਨਾ ਵਿੱਚ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਪੱਤਰ ਨੰ:274, ਮਿਤੀ 09-09-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਸੀ, ਰਾਹੀਂ ਨੁਕਤਾਵਾਰ ਸੂਚਨਾ ਪੇਸ਼ ਕੀਤੀ ਸੀ ਅਤੇ ਇਸ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਦਸਤੀ ਦੇ ਦਿੱਤੀ ਗਈ ਸੀ। ਅਪੀਲਕਰਤਾ ਦੇ ਨੁਮਾਇੰਦੇ ਨੇ ਸੂਚਨਾ ਚੈੱਕ ਕਰਨ ਲਈ ਸਮੇਂ ਦੀ ਮੰਗ ਕੀਤੀ ਸੀ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੁਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 01-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ, ਉਸ ਦੇ ਪਤੀ, ਸ਼੍ਰੀ ਐਨ.ਕੇ.ਐਸ.ਸੋਢੀ ਨੇ ਦਸਿਆ ਕਿ ਉਨ੍ਹਾਂ ਵਲੋਂ ਪੱਤਰ ਮਿਤੀ 25-09-2019 ਜ਼ੋ ਕਮਿਸ਼ਨ ਅਤੇ ਲੋਕ ਸੂਚਨਾ ਅਧਿਕਾਰੀ ਨੂੰ ਸੰਬੋਧਤ ਹੈ ਅਨੁਸਾਰ ਪਾਈਆਂ ਗਈਆਂ ਤਰੁਟੀਆਂ ਬਾਰੇ ਲਿਖਿਆ ਗਿਆ ਹੈ। ਪੱਤਰ ਮਿਸਲ ਤੇ ਉਪਲਭਧ ਹੈ/ਰੱਖ ਲਿਆ ਗਿਆ ਹੈ। ਇਸ ਤਰ੍ਹਾਂ ਹਾਜ਼ਰ ਅਪੀਲਕਰਤਾ ਵੱਲੋਂ ਦਸਿਆ ਗਿਆ ਕਿ ਦਸੀਆਂ ਗਈਆਂ ਤਰੁਟੀਆਂ ਨੂੰ ਦੂਰ ਨਹੀਂ ਕੀਤਾ ਗਿਆ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਹੋਇਆ । ਪਿਛਲੀ ਮਿਤੀ 09-09-2019 ਨੂੰ ਜ਼ੋ ਕਰਮਚਾਰੀ ( ਸ਼੍ਰੀ ਰਾਜੀਵ ਕੁਮਾਰ, ਸਕੱਤਰ, ਕਾਰਪੋਰੇਸ਼ਨ ) ਹਾਜ਼ਰ ਹੋਇਆ ਸੀ ਨੂੰ ਅੱਜ ਪੇਸ਼ੀ ਤੇ ਹਾਜ਼ਰ ਹੋਣਾ ਚਾਹੀਦਾ ਸੀ ਪਰੰਤੂ ਉਹ ਅੱਜ ਹਾਜ਼ਰ ਨਹੀਂ ਹੋਇਆ । ਇਸ ਲਈ ਉਤਰਦਾਤਾ ((ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜ਼ੋ ਤਰੁਟੀਆਂ ਅਪੀਲਕਰਤਾ ਵਲੋਂ ਆਪਣੇ ਪੱਤਰ ਮਿਤੀ 25-09-2019 ਵਿਚ ਦਸੀਆਂ ਗਈਆਂ ਹਨ ਉਸ ਬਾਰੇ ਕੀ ਕਾਰਵਾਈ ਕੀਤੀ ਗਈ ਹੈ ਦਸਿਆ ਜਾਵੇ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਆਪਣਾ ਸਪਸ਼ਟੀਕਰਨ ਪੇਸ਼ ਕਰਨ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 24-10-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 01-10-2019 **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਸ਼੍ਰੀ ਕੇਵਲ ਸਿੰਘ, (85280-37175)
ਪਿੰਡ ਤੇ ਡਾਕਖਾਨਾ ਢਿਲਵਾਂ ਕਲਾਂ ਕੋਠੇ ਰਾਮਸਰ,
ਜ਼ਿਲ੍ਹਾ ਫਰੀਦਕੋਟ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡੀਨ ਅਕੈਡਮਿਕ ਅਫੇਅਰਜ਼,
ਪੰਜਾਬੀ ਯੂਨੀਵਰਸਿਟੀ।
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 1913/2019**

**ਹਾਜ਼ਰ:-** 1) ਸ਼੍ਰੀ ਕੇਵਲ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ (98554-93346)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-11-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ, ਪਟਿਆਲਾ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ 18-09-2018 ਤੋਂ 17-11-2018 ਤੱਕ ਦੇ ਸਮੇਂ ਦੌਰਾਨ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਵਾਈਸ ਚਾਂਸਲਰ ਦੇ ਦਫਤਰ ਬਾਹਰ ਹੋਈ ਐਜੀਟਸ਼ਨ/ਧਰਨੇ/ਪ੍ਰਸੋਟੈਸ ਅਤੇ ਵਾਪਰੀਆਂ ਹੋਰ ਘਟਨਾਵਾਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਸ ਨੇ ਮਿਤੀ 25-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 12-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 13-08-2019 ਲਈ ਨਿਸਚਿਤ ਕੀਤਾ ਗਿਆ ਸੀ।ਮਿਤੀ 13-08-2019 ਨੂੰ ਇਸ ਕੇਸ ਵਿਚ ਅਗਲੀ ਮਿਤੀ 09-09-2019 ਮੁਕੰਮਲ ਸੂਚਨਾ ਮੁੱਹਈਆ ਕਰਾਉਣ ਲਈ ਨਿਸਚਿਤ ਕੀਤੀ ਗਈ ਸੀ। ਪਿਛਲੀ ਮਿਤੀ 09-09-2019 ਨੂੰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਹਾਜ਼ਰ ਨਹੀਂ ਸੀ ਹੋਇਆ ਅਤੇ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਜਿਸਨੂੰ ਪ੍ਰਵਾਨ ਕਰਦੇ ਹੋਏ ਅਗਲੀ ਮਿਤੀ 01-10-2019 ਨਿਸਚਿਤ ਕੀਤੀ ਗਈ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਵਲੋਂ ਲੋਕ ਸੂਚਨਾ ਅਫਸਰ, ( ਰਜਿਸਟਰਾਰ) ਪੰਜਾਬੀ ਯੂਨੀਵਰਿਸਟੀ, ਪਟਿਆਲਾ ਦਾ ਪੱਤਰ ਨੰ: 6710/ਐਸ-7/1042-18/ਆਰ.ਟੀ.ਆਈ.ਸੈੱਲ ਮਿਤੀ 06-09-2019 ਜ਼ੋ ਕਿ ਰਾਜ ਸੂਚਨਾ ਕਮਿਸ਼ਨ, ਪੰਜਾਬ ਨੂੰ ਸੰਬੋਧਤ ਹੈ ਪੇਸ਼ ਕੀਤਾ ਗਿਆ ਜਿਸ ਰਾਹੀਂ ਉਨ੍ਹਾਂ ਵਲੋਂ ਅਪੀਲਕਰਤਾ ਦੁਆਰਾ ਦਿੱਤੇ ਗਏ ਇਤਰਾਜ਼ਾਂ ਸਬੰਧੀ ਨੁਕਤਾਵਾਰ ਜਵਾਬ ਦੇ ਦਿੱਤਾ ਗਿਆ ਹੈ। ਉਤਰਦਾਤਾ ਵਲੋਂ ਮੁੱਖ ਤੌਰ ਤੇ ਦਸਿਆ ਗਿਆ ਕਿ ਜ਼ੋ ਇੰਨਕੁਆਰੀ ਕਰਵਾਈ ਗਈ ਹੈ ਉਸਦੀ ਰਿਪੋਰਟ ਆ ਗਈ ਹੈ ਇਸ ਲਈ ਅਪੀਲਕਰਤਾ ਵਲੋਂ ਜ਼ੋ ਇਤਰਾਜ਼ ਉਠਾਏ ਗਏ ਸਨ ਉਸਦਾ ਨੁਕਤਾਵਾਰ ਉਤਰ ਦਸਤਾਵੇਜ਼ਾਂ ਸਹਿਤ ਦੇ ਦਿੱਤਾ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਪੇਸ਼ੀ ਤੇ ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਵਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਸਿੰਘ ਕੰਗ, ਐਡਵੋਕੇਟ ਵਲੋਂ ਪੇਸ਼ ਕੀਤੇ ਦਸਤਾਵੇਜ਼ਾਂ ਅਨੁਸਾਰ ਅਪੀਲਕਰਤਾ ਵਲੋਂ ਉਠਾਏ ਗਏ ਇਤਰਾਜਾਂ ਨੂੰ ਦੂਰ ਕਰਦੇ ਹੋਏ ਨੁਕਤਾਵਾਰ ਜਵਾਬ ਦੇ ਦਿੱਤਾ ਗਿਆ ਹੈ, ਪਰ ਅਪੀਲਕਰਤਾ ਆਪਣਾ ਪੱਖ ਪੇਸ਼ ਨਹੀਂ ਕਰ ਸਕਿਆ। ਕਿਉਂਜੋ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਦੇ ਨਾਲ ਨਾਲ ਉਸ ਵਲੋ ਉਠਾਏ ਗਏ ਇਤਰਾਜਾਂ ਸਬੰਧੀ ਦਸਤਾਵੇਜ਼ਾਂ ਸਹਿਤ ਉਤਰਦਾਤਾ ਵਲੋਂ ਆਪਣਾ ਜਵਾਬ ਦੇ ਦਿੱਤਾ ਗਿਆ ਹੈ। ਇਸ ਕਰਕੇ ਹੁਣ ਇਸ ਕੇਸ ਤੇ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵਲੋਂ ਕਮਿਸ਼ਨ ਵਿਚ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

(ਨਿਧੱੜਕ ਸਿੰਘ ਬਰਾੜ)

ਮਿਤੀ: ਚੰਡੀਗੜ੍ਹ, 01-10-2019 ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਬਲਜਿੰਦਰ ਸਿੰਘ, ਹੈਡ ਕੰਸਟੇਬਲ, (97819-99648) ਦਫਤਰ ਸੀਨੀਅਰ ਕਪਤਾਨ, ਪੁਲਿਸ (ਦਿਹਾਤੀ),ਅੰਮ੍ਰਿਤਸਰ।।

**ਹੁਕਮ:**

4. ਅਪੀਲਕਰਤਾ ਵਲੋਂ ਦਿੱਤਾ ਗਿਆ ਬਿਆਨ ਜ਼ੋ ਕਿ ਉਤਰਦਾਤਾ ਵਲੋਂ ਆਪਣੇ ਉਕਤ ਪੱਤਰ ਸਹਿਤ ਪੇਸ਼ ਕੀਤਾ ਗਿਆ ਹੈ ਤੋਂ ਸਪਸ਼ਟ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਸਬੰਧੀ ਅਪੀਲਕਰਤਾ ਵਲੋਂ ਦਿੱਤੇ ਗਏ ਬਿਆਨ ਅਤੇ ਕੀਤੀ ਬੇਨਤੀ ਕਿ ਅਪੀਲ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇ ਅਨੁਸਾਰ ਅਪੀਲਕਰਤਾ ਵਲੋਂ ਸੰਤੁਸ਼ਟੀ ਪ੍ਰਗਟਾਈ ਗਈ ਹੈ ਇਸ ਕਰਕੇ ਹੁਣ ਇਸ ਕੇਸ ਤੇ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵਲੋਂ ਕਮਿਸ਼ਨ ਵਿਚ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ,** 01-10-2019 **ਰਾਜ ਸੂਚਨਾ ਕਮਿਸ਼ਨਰ, ਪੰਜਾਬ।**